# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ

## 18:20

**ਮਿਤੀ :24-09-2026**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ  ਕਿਹਾ ਕਿ ਸੇਵਾ ਜੀਵਨ ਦਾ ਮੁੱਖ ਉਦੇਸ਼ ਅਤੇ ਇਹ ਹਰ ਵਿਅਕਤੀ ਦੇ ਸੁਭਾਅ ‘ਚ ਹੋਣੀ ਚਾਹੀਦੀ ਏ।
- -ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਉਦੇਸ਼ ਨਾਲ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦਾ ਸਿਲਸਿਲਾ ਜਾਰੀ ।
- -ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਹਾੜ੍ਹੀ ਦੀਆਂ ਫ਼ਸਲਾਂ ਸਬੰਧੀ ਤਿਆਰੀਆਂ ਦਾ ਲਿਆ ਜਾਇਜ਼ਾ-ਖਾਦਾਂ ਦੀ ਨਿਰਵਿਘਨ ਤੇ ਸਮੇਂ-ਸਿਰ ਸਪਲਾਈ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼।
- -ਪੰਜਾਬ ਸਰਕਾਰ ਨੇ ਵਿਧਵਾ ਅਤੇ ਬੇਆਸਰਾ ਔਰਤਾਂ ਨੂੰ ਵਿੱਤੀ ਸਹਾਇਤਾ ਯੋਜਨਾ ਤਹਿਤ ਮੌਜੂਦਾ ਵਿੱਤੀ ਸਾਲ 2026-27 ਦੌਰਾਨ ਕਰੀਬ 624 ਕਰੋੜ ਰੁਪਏ ਜਾਰੀ ਕੀਤੇ।

ਅਤੇ

- -ਇਨਫੋਰਸਮੈਂਟ ਡਾਇਰੈਕਟੋਰੇਟ ਨੇ ਮਨੀ ਲਾਂਡਰਿੰਗ ਦੇ ਇੱਕ ਮਾਮਲੇ ਵਿੱਚ ਮੋਹਾਲੀ, ਲੁਧਿਆਣਾ, ਚੰਡੀਗੜ੍ਹ, ਪੰਚਕੂਲਾ ਅਤੇ ਦਿਲੀ ਵਿੱਚ 26 ਥਾਵਾਂ 'ਤੇ ਛਾਪੇਮਾਰੀ ਕੀਤੀ।

DAY PM - SEVA YATRA

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਕਿ ਸੇਵਾ ਜੀਵਨ ਦਾ ਮੁੱਖ ਉਦੇਸ਼ ਹੋਣੀ ਚਾਹੀਦੀ ਏ ਅਤੇ ਇਹ ਹਰ ਵਿਅਕਤੀ ਦੇ ਸੁਭਾਅ ‘ਚ ਹੋਣੀ ਚਾਹੀਦੀ ਏ।

ਉਨ੍ਹਾਂ ਕਿਹਾ ਕਿ ਰਾਜਨੀਤੀ ਵਿੱਚ ਵੀ ਸੇਵਾ ਮਾਰਗ-ਦਰਸ਼ਕ ਸਿਧਾਂਤ ਬਣੀ ਰਹਿਣੀ ਚਾਹੀਦੀ ਏ, ਭਾਵੇਂ ਕੋਈ ਉੱਚੇ ਅਹੁਦੇ 'ਤੇ ਪਹੁੰਚ ਜਾਵੇ। ਸ੍ਰੀ ਮੋਦੀ ਨੇ ਇਹ ਗੱਲ ਵਡਨਗਰ ਤੋਂ ਵਾਰਾਣਸੀ ਤੱਕ ਯਾਤਰਾ 'ਤੇ ਜਾ ਰਹੇ ਸੇਵਾ ਯਾਤਰੀਆਂ ਨਾਲ ਇੱਕ ਵਰਚੁਅਲ ਗੱਲਬਾਤ ਦੌਰਾਨ ਕੀਤੀਆਂ। ਪ੍ਰਧਾਨ ਮੰਤਰੀ ਨੇ ਕਿਹਾ, 'ਸੇਵਾ ਪਰਮੋ ਧਰਮ' ਭਾਵ ਸੇਵਾ ਸਭ ਤੋਂ ਵੱਡਾ ਫਰਜ਼ ਏ, ਮਾਰਗਦਰਸ਼ਕ ਸਿਧਾਂਤ ਰਹਿਣਾ ਚਾਹੀਦਾ ਏ -

BYTE--PM-MODI-SEVA- 27 sec

-------------------------------------------------------

ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਉਦੇਸ਼ ਨਾਲ ਕੱਢੀ ਜਾ ਰਹੀ 'ਨਸ਼ਾ ਮੁਕਤ ਯਾਤਰਾ' ਦਾ ਸਿਲਸਿਲਾ ਜਾਰੀ ਏ। ਇਸੇ ਤਹਿਤ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਸ਼ੁਰੂ ਹੋਈ ਯਾਤਰਾ ਅੱਜ ਆਪਣੇ ਪੰਜਵੇਂ ਦਿਨ ਗੜ੍ਹਸ਼ੰਕਰ ਪਹੁੰਚੀ। ਯਾਤਰਾ ਦੀ ਸ਼ੁਰੂਆਤ ਤੋਂ ਪਹਿਲਾਂ BJP ਪੰਜਾਬ ਦੀ ਲੀਡਰਸ਼ਿਪ ਨੇ ਹਿਮਾਚਲ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਜੈਰਾਮ ਠਾਕੁਰ ਸਮੇਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਅਰਦਾਸ ਕੀਤੀ। ਇਸ ਤੋਂ ਬਾਅਦ ਯਾਤਰਾ ਨੰਗਲ ਰਾਹੀਂ ਗੜ੍ਹਸ਼ੰਕਰ ਪਹੁੰਚੀ। ਗੜ੍ਹਸ਼ੰਕਰ ਵਿਖੇ ਰੈਲੀ ਨੂੰ ਸੰਬੋਧਨ ਕਰਦਿਆਂ ਜੈਰਾਮ ਠਾਕੁਰ ਨੇ ਕਿਹਾ ਕਿ ਪੰਜਾਬ ਵਿੱਚ ਨਸ਼ੇ ਦੀ ਸਮੱਸਿਆ ਚਿੰਤਾਜਨਕ ਏ ਅਤੇ ਨੌਜਵਾਨਾਂ ਨੂੰ ਇਸ ਤੋਂ ਬਚਾਉਣ ਲਈ ਜਾਗਰੂਕਤਾ ਜ਼ਰੂਰੀ ਏ। BYTE:RNU240926

ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਕਿਹਾ ਕਿ ਨਸ਼ਾ ਮੁਕਤ ਯਾਤਰਾਵਾਂ ਦਾ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਨਾ ਏ। BJP ਆਗੂ ਅਸ਼ਵਨੀ ਕੁਮਾਰ ਸ਼ਰਮਾ ਵੀ ਮੌਜੂਦ ਰਹੇ। ਉਧਰ ਅੰਮ੍ਰਿਤਸਰ ਵਿੱਚ ‘ਨਸ਼ਾ ਮੁਕਤ ਪੰਜਾਬ ਯਾਤਰਾ’ ਲਾਹੌਰੀ ਗੇਟ ਸਥਿਤ BJP ਦਫ਼ਤਰ ਤੋਂ ਸ਼ੁਰੂ ਹੋਈ ਇਹ ਯਾਤਰਾ ਹਾਲ ਗੇਟ ਵੱਲ ਰਵਾਨਾ ਹੋਈ। ਇਸ ਦੌਰਾਨ ਆਗੂਆਂ ਅਤੇ ਵਰਕਰਾਂ ਵੱਲੋਂ ਪੰਜਾਬ ਨੂੰ

ਨਸ਼ਾ ਮੁਕਤ ਬਣਾਉਣ ਲਈ ਲੋਕਾਂ ਨੂੰ ਜਾਗਰੂਕ ਕਰਨ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ BJP ਦੇ ਰਾਜ ਸਭਾ ਮੈਂਬਰ ਅਤੇ ਰਾਸ਼ਟਰੀ ਹੈੱਡਕੁਆਰਟਰ ਇੰਚਾਰਜ ਤਰੁਣ ਚੁੱਗ ਨੇ ਪੰਜਾਬ ਵਿੱਚ ਨਸ਼ਿਆਂ ਦੀ ਸਥਿਤੀ ਨੂੰ ਲੈ ਕੇ ਚਿੰਤਾ ਜ਼ਾਹਰ ਕੀਤੀ।

---------------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬੇ ਦੇ ਕਿਸਾਨਾਂ ਨੇ ਚੱਲ ਰਹੇ ਸਾਉਣੀ ਸੀਜ਼ਨ ਦੌਰਾਨ ਹੁਣ ਤੱਕ 16 ਹਜ਼ਾਰ 227 ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਖ਼ਰੀਦੀਆਂ ਨੇ । ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ 10,000 ਤੋਂ ਵੱਧ ਸੀ.ਆਰ.ਐਮ ਮਸ਼ੀਨਾਂ ਦੀ ਖ਼ਰੀਦ ਕਰਨ ਵਾਲੇ ਕਿਸਾਨਾਂ ਨੂੰ 183 ਕਰੋੜ ਰੁਪਏ ਦੀ ਸਬਸਿਡੀ ਜਾਰੀ ਕੀਤੀ ਏ । ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਚੰਡੀਗੜ੍ਹ ਵਿਚ ਆਉਂਦੇ ਹਾੜ੍ਹੀ ਦੇ ਬਿਜਾਈ ਸੀਜ਼ਨ ਲਈ ਵਿਭਾਗ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਵਾਤਾਵਰਣ-ਪੱਖੀ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੀਆਰਐਮ ਮਸ਼ੀਨਾਂ ਦੀ ਖ਼ਰੀਦ ਲਈ ਵਿਅਕਤੀਗਤ ਤੌਰ ’ਤੇ ਕਿਸਾਨਾਂ ਨੂੰ 50 ਫੀਸਦੀ ਅਤੇ ਕਸਟਮ ਹਾਇਰਿੰਗ ਸੈਂਟਰਾਂ ,ਐਫ.ਪੀ.ਓਜ਼, ਸਹਿਕਾਰੀ ਸਭਾਵਾਂ ਅਤੇ ਗ੍ਰਾਮ ਪੰਚਾਇਤਾਂ ਨੂੰ 80 ਫ਼ੀਸਦੀ ਸਬਸਿਡੀ

ਦਿੱਤੀ ਜਾ ਰਹੀ ਏ । ਖਾਦ ਸਪਲਾਈ ਸਥਿਤੀ ਦਾ ਜਾਇਜ਼ਾ ਲੈਂਦਿਆਂ ਮੰਤਰੀ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਸੂਬੇ ਭਰ ਵਿੱਚ ਖਾਦਾਂ ਦੀ ਸਮੇਂ ਸਿਰ ਅਤੇ ਸੁਚਾਰੂ ਉਪਲਬਧਤਾ ਅਤੇ ਖਾਦਾਂ ਨਾਲ ਟੈਗਿੰਗ ਦੇ ਅਭਿਆਸ ਨੂੰ ਸਖ਼ਤੀ ਨਾਲ ਰੋਕਣ ਦੇ ਨਿਰਦੇਸ਼ ਦਿੱਤੇ । ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਅਜਿਹੀਆਂ ਬੇਨਿਯਮੀਆਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਸ ’ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਬਣਾਈ ਰੱਖਣ ਅਤੇ ਡੀਏਪੀ ’ਤੇ ਜ਼ਿਆਦਾ ਨਿਰਭਰਤਾ ਘਟਾਉਣ ਲਈ ਬਦਲਵੀਆਂ ਖਾਦਾਂ ਦੀ ਵਰਤੋਂ ਕਰਕੇ ਸੰਤੁਲਿਤ ਪੌਸ਼ਟਿਕ ਪ੍ਰਬੰਧਨ ਅਪਣਾਉਣ ਦੀ ਵੀ ਅਪੀਲ ਕੀਤੀ।

---------------------------------------------------------------

ਪੰਜਾਬ ਸਰਕਾਰ ਨੇ ਵਿਧਵਾ ਅਤੇ ਬੇਆਸਰਾ ਔਰਤਾਂ ਨੂੰ ਵਿੱਤੀ ਸਹਾਇਤਾ ਸਕੀਮ ਤਹਿਤ ਮੌਜੂਦਾ ਵਿੱਤੀ ਸਾਲ 2026-27 ਦੌਰਾਨ ਹੁਣ ਤੱਕ ਕਰੀਬ 624 ਕਰੋੜ ਰੁਪਏ ਜਾਰੀ ਕੀਤੇ ਨੇ , ਜਿਸ ਨਾਲ 7 ਲੱਖ ਤੋਂ ਵੱਧ ਔਰਤਾਂ ਨੂੰ ਨਿਯਮਤ ਵਿੱਤੀ ਸਹਾਇਤਾ ਦਾ ਲਾਭ ਮਿਲ ਰਿਹਾ ਏ । ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸੇ ਵਿੱਤੀ ਸਾਲ ਲਈ ਇਸ ਸਕੀਮ ਵਾਸਤੇ 1200

ਕਰੋੜ ਰੁਪਏ ਤੋਂ ਵੱਧ ਦਾ ਬਜਟ ਉਪਬੰਧ ਕੀਤਾ ਗਿਆ। ਮੰਤਰੀ ਨੇ ਕਿਹਾ ਕਿ  ਸਰਕਾਰ ਦਾ ਮੰਤਵ ਕੇਵਲ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਨਹੀਂ, ਸਗੋਂ ਅਜਿਹੀਆਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਸੰਭਲਣ, ਆਤਮ-ਨਿਰਭਰ ਬਣਨ ਅਤੇ ਸਨਮਾਨ ਨਾਲ ਜੀਵਨ ਜਿਊਣ ਲਈ ਮਜ਼ਬੂਤ ਸਹਾਰਾ ਦੇਣਾ ਏ । ਡਾ. ਬਲਜੀਤ ਕੌਰ ਨੇ ਸਮੂਹ ਯੋਗ ਮਹਿਲਾਵਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨੇੜਲੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ, ਸੇਵਾ ਕੇਂਦਰ ਜਾਂ ਸਬੰਧਤ ਸਰਕਾਰੀ ਦਫ਼ਤਰ ਨਾਲ ਸੰਪਰਕ ਕਰਕੇ ਸਕੀਮ ਬਾਰੇ ਪੂਰੀ ਜਾਣਕਾਰੀ ਹਾਸਲ ਕਰਨ

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਤਕ ਸੇਵਾ ਵਿੱਚ 25 ਸਾਲ ਪੂਰੇ ਹੋ ਰਹੇ ਨੇ - ਇਹ ਇੱਕ ਅਜਿਹਾ ਸਫ਼ਰ ਏ ਜਿਹੜਾ 'ਜਨ ਸੇਵਾ ਤੋਂ ਦੇਸ਼ ਸੇਵਾ' ਦੇ ਮੰਤਰ ਅਤੇ ਅਟੁੱਟ ਵਚਨਬੱਧਤਾ ਨਾਲ ਪਰਿਭਾਸ਼ਿਤ ਹੁੰਦਾ ਏ ਅਤੇ ਇਹ ਸਿਲਸਿਲਾ ਜਾਰੀ ਏ ।ਸੇਵਾ ਅਤੇ ਸੁਸ਼ਾਸਨ ਦੀ ਇਸੇ ਦੂਰਅੰਦੇਸ਼ ਸੋਚ ਤੋਂ ਪ੍ਰੇਰਿਤ ਹੋ ਕੇ, ਸਰਕਾਰ 2047 ਤੱਕ 'ਵਿਕਸਿਤ ਭਾਰਤ' ਦੇ ਟੀਚੇ ਨੂੰ ਹਾਸਿਲ ਕਰਨ ਲਈ ਲਗਾਤਾਰ ਕੰਮ ਕਰ ਰਹੀ ਏ । ਸਮਾਵੇਸ਼ੀ ਵਿਕਾਸ ਅਤੇ ਸਮਾਜਿਕ ਸ਼ਕਤੀਕਰਨ ਰਾਹੀਂ, ਇਹ ਸਮਰਪਣ ਲੋਕਾਂ ਦੇ ਜੀਵਨ ਵਿੱਚ ਬਦਲਾਅ ਲਿਆ ਰਿਹਾ ਏ । ਅੱਜ, 'ਸੇਵਾ ਸੰਕਲਪ ਅਭਿਆਨ' ਦੀ ਇਸ ਵਿਸ਼ੇਸ਼ ਲੜੀ ਵਿੱਚ, ਅਸੀਂ ਤੁਹਾਡੇ ਲਈ,

ਇੱਕ ਉਦਾਹਰਣ ਲੈ ਕੇ ਆਏ ਹਾਂ ਕਿ ਕਿਵੇਂ ਇਸ ਦ੍ਰਿਸ਼ਟੀਕੋਣ ਨੂੰ, ' ਕਾਰੋਬਾਰ ਕਰਨ ਵਿਚ ਆਸਾਨੀ' ਪਹਿਲਕਦਮੀ ਰਾਹੀਂ ਅਮਲ ਵਿੱਚ ਲਿਆਂਦਾ ਗਿਆ ਏ.ਹੋਰ ਵੇਰਵੇ ਨਾਲ ਇਕ ਰਿਪੋਰਟ :RNU240926

2014 ਵਿੱਚ ਭਾਰਤ ਕਾਰੋਬਾਰ ਕਰਨ ਦੀ ਸੌਖ ਦੇ ਮਾਮਲੇ ਵਿੱਚ ਦੁਨੀਆ ਵਿੱਚ ਨੇਪਾਲ ਅਤੇ ਪਾਕਿਸਤਾਨ ਤੋਂ ਵੀ ਹੇਠਾਂ 142ਵੇਂ ਸਥਾਨ 'ਤੇ ਸੀ। ਇਹ ਉਹ ਸਮਾਂ ਸੀ ਜਦੋਂ ਇੱਕ ਕੰਪਨੀ ਨੂੰ ਰਜਿਸਟਰ ਕਰਨ ਦੀ ਪ੍ਰਕਿਰਿਆ ਇੱਕ ਮਹੀਨਾ ਭਰ ਚੱਲਦੀ ਸੀ। ਤਿੰਨ ਰਾਜਾਂ ਨੂੰ ਪਾਰ ਕਰਨ ਵਾਲੇ ਸਾਮਾਨ ਨਾਲ ਭਰੇ ਇਕ ਟਰੱਕ ਨੂੰ ਲੰਬੀਆਂ ਕਤਾਰਾਂ ਕਾਰਨ ਲੰਬੇ ਇੰਤਜ਼ਾਰ ਤੋਂ ਇਲਾਵਾ ਕਈ ਤਰ੍ਹਾਂ ਤਰ੍ਹਾਂ ਦੇ ਟੈਕਸ ਅਦਾ ਕਰਨੇ ਪੈਂਦੇ ਸਨ ਅਤੇ ਇਹ ਪ੍ਰਕਿਰਿਆ ਪਿਛਲੇ ਕਈ ਦਹਾਕਿਆਂ ਤੋਂ ਜਾਰੀ ਸੀ।

ਕੇਂਦਰ ਵਿੱਚ ਮੌਜੂਦਾ ਸਰਕਾਰ ਬਣਨ ਤੋਂ ਬਾਅਦ, ਵਸਤੂਆਂ ਅਤੇ ਸੇਵਾਵਾਂ ਟੈਕਸ (ਜੀਐਸਟੀ) ਲਾਗੂ ਕੀਤਾ ਗਿਆ ਜਿਸਨੇ ਟੈਕਸ ਸੀਮਾਵਾਂ ਨੂੰ ਹਟਾ ਦਿੱਤਾ ਅਤੇ ਹਰੇਕ ਖੇਪ ਨੂੰ ਇੱਕ ਪ੍ਰਣਾਲੀ 'ਤੇ ਪਾ ਦਿੱਤਾ। ਸਮਰਪਿਤ ਮਾਲ ਗਲਿਆਰੇ, ਨਵੇਂ ਐਕਸਪ੍ਰੈਸਵੇਅ ਅਤੇ ਬਿਹਤਰ ਸੜਕਾਂ ਨੇ ਸਮਾਂ ਘਟਾਇਆ ਅਤੇ ਟੈਕਸ ਕਾਊਂਟਰ 'ਤੇ ਕਾਗਜ਼ੀ ਕਾਰਵਾਈ ਦੀ ਥਾਂ ਡਿਜੀਟਲ ਕਲੀਅਰੈਂਸ ਨੇ ਲਈ।ਇਨਸੌਲਵੈਂਸੀ ਅਤੇ ਦੀਵਾਲੀਆਪਨ ਕੋਡ ਨੇ ਪੂੰਜੀ ਨੂੰ ਇੱਕ ਅਸਫਲ ਉੱਦਮ ਤੋਂ ਬਾਹਰ ਨਿਕਲਣ ਦਾ ਰਸਤਾ ਦਿੱਤਾ, ਜਨ ਵਿਸ਼ਵਾਸ ਨੇ ਛੋਟੀਆਂ ਗਲਤੀਆਂ ਨੂੰ ਅਪਰਾਧ ਤੋਂ ਮੁਕਤ ਕਰ ਦਿੱਤਾ, ਅਤੇ ਕੰਪਨੀ ਕਾਨੂੰਨ ਨੂੰ ਸਰਲ ਬਣਾਇਆ ਗਿਆ।

6 ਸਾਲਾਂ ਦੇ ਅਰਸੇ ਦੇ ਨਾਲ, 2014 ਤੋਂ 2020 ਤੱਕ, ਭਾਰਤ ਕਾਰੋਬਾਰ ਕਰਨ ਦੀ ਸੌਖ ਦੇ ਮਾਮਲੇ ਵਿੱਚ ਦੁਨੀਆ ਵਿੱਚ 63ਵੇਂ ਸਥਾਨ 'ਤੇ ਪਹੁੰਚ ਗਿਆ। ਇਹ ਕਿਸੇ ਵੀ ਵੱਡੀ ਅਰਥਵਿਵਸਥਾ ਵਿੱਚ ਦਰਜ ਕੀਤੇ ਗਏ ਸਭ ਤੋਂ ਵੱਡੇ ਸੁਧਾਰਾਂ ਵਿੱਚੋਂ ਇੱਕ ਸੀ ਜਿਸ ਕਾਰਨ ਨਿਵੇਸ਼ ਹੋਰ ਵਧੇਆ । ਇਸ ਦੇ ਨਾਲ ਹੀ, ਭਾਰਤ ਨੇ ਲਾਲ ਫੀਤਾਸ਼ਾਹੀ ਨੂੰ ਨਕੇਲ ਪਾਈ ਅਤੇ ਨਵੇਂ ਕਾਰੋਬਾਰਾਂ ਦੀ ਹੋਰ ਆਮਦ ਲਈ ਓਹਨਾ ਦਾ ਸਵਾਗਤ ਕੀਤਾ।ਰਾਜੇਸ਼ ਬਾਲੀ/ਆਕਾਸ਼ਵਾਣੀ ਖ਼ਬਰਾਂ/ਜਲੰਧਰ

---------------------------------------------------

ਇਨਫੋਰਸਮੈਂਟ ਡਾਇਰੈਕਟੋਰੇਟ-ED ਨੇ ਤਿਰੂਪਤੀ ਇੰਫਰਾ ਪ੍ਰੋਜੈਕਟਸ ਪ੍ਰਾਈਵੇਟ ਲਿਮਟਿਡ ਨਾਲ ਜੁੜ੍ਹੇ ਇੱਕ ਮਾਮਲੇ ਵਿੱਚ ਮੋਹਾਲੀ, ਲੁਧਿਆਣਾ, ਚੰਡੀਗੜ੍ਹ, ਪੰਚਕੂਲਾ ਅਤੇ ਦਿਲੀ ਵਿੱਚ 26 ਥਾਵਾਂ 'ਤੇ ਛਾਪੇਮਾਰੀ ਕੀਤੀ ਏ । ਇਹ ਆਪ੍ਰੇਸ਼ਨ ਮਨੀ ਲਾਂਡਰਿੰਗ ਰੋਕਥਾਮ ਐਕਟ ਤਹਿਤ ਕੀਤਾ ਜਾ ਰਿਹਾ ਏ । ਡਾਇਰੈਕਟੋਰੇਟ ਨੇ ਕਿਹਾ ਕਿ ਬੈਂਕ ਧੋਖਾਧੜੀ ਦੇ ਮਾਮਲੇ ਵਿੱਚ ਸ਼ਾਮਿਲ ਨਿੱਜੀ ਕੰਪਨੀਆਂ ਦੇ ਪ੍ਰਮੋਟਰਾਂ, ਡਾਇਰੈਕਟਰਾਂ ਅਤੇ ਹੋਰ ਸਹਿਯੋਗੀਆਂ ਖਿਲਾਫ ਕਾਰਵਾਈ ਕੀਤੀ ਜਾ ਰਹੀ ਏ । ਏਜੰਸੀ ਮੁਤਾਬਿਕ  ਤਿਰੂਪਤੀ ਇੰਫਰਾ ਪ੍ਰੋਜੈਕਟਸ ਪ੍ਰਾਈਵੇਟ ਲਿਮਟਿਡ, ਇੱਕ ਪ੍ਰੋਜੈਕਟ ਨਾਲ ਸਬੰਧਤ 290 ਕਰੋੜ ਦੇ ਬੈਂਕ ਧੋਖਾਧੜੀ ਦੇ ਮਾਮਲੇ ਵਿੱਚ

ਸ਼ਾਮਿਲ ਏ । ਈਡੀ ਨੇ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ ਅਤੇ ਪੰਜਾਬ ਸਰਕਾਰ ਦੇ ਆਵਾਸ ਅਤੇ ਸ਼ਹਿਰੀ ਵਿਕਾਸ ਵਿਭਾਗ ਦੇ ਦਫਤਰਾਂ ਵਿੱਚ ਇੱਕੋ ਸਮੇਂ ਨਿਰੀਖਣ ਵੀ ਕੀਤੇ। ਜਾਂਚ ਏਜੰਸੀ ਨੇ ਕਿਹਾ ਕਿ ਇੱਕ ਨਿੱਜੀ ਸਲਾਹਕਾਰ ਕੰਪਨੀ ਨੇ ਗਮਾਡਾ ਅਧਿਕਾਰੀਆਂ ਨਾਲ ਮਿਲੀਭੁਗਤ ਕਰਕੇ ਜ਼ਮੀਨ ਪ੍ਰਾਪਤੀ ਵਿੱਚ ਬੇਨਿਯਮੀਆਂ ਨੂੰ ਸੁਵਿਧਾ ਦਿੱਤੀ। ਗਮਾਡਾ ਵਿਖੇ ਖਤਮ ਹੋਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਗਮਾਡਾ ਦੇ ਬਾਹਰ ਪ੍ਰਦਰਸ਼ਨ ਕੀਤਾ ਅਤੇ ਅੰਦਰ ਜਾਣ ਦੀ ਵੀ ਕੋਸ਼ਿਸ਼ ਕੀਤੀ ਗਈ, ਜਿਸ ਨੂੰ ਮੋਹਾਲੀ ਪੁਲਿਸ ਵੱਲੋਂ ਰੋਕ ਦਿੱਤਾ। ਇਸ ਦੌਰਾਨ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਗਮਾਡਾ ਸਮੇਤ ਕਈ ਥਾਵਾਂ ’ਤੇ ਈ.ਡੀ ਦੀ ਕਾਰਵਾਈ ਨੂੰ 2027 ਦੀਆਂ ਚੋਣਾਂ ਤੋਂ ਪਹਿਲਾਂ ‘ਸਿਆਸੀ ਬਦਲਾਖੋਰੀ’ ਨਾਲ ਕੀਤੀ ਜਾ ਰਹੀ ਕਾਰਵਾਈ ਦੱਸਣ ਵਾਲੇ ਆਮ ਆਦਮੀ ਪਾਰਟੀ ਦੇ ਬਿਆਨਾਂ ’ਤੇ ਆਪਣੀ ਪ੍ਰਤੀਕ੍ਰਿਆ ਦਿੰਦਿਆਂ ਕਿਹਾ ਕਿ ਜਾਂਚ ਏਜੰਸੀ ਦੀ ਕਾਰਵਾਈ ਤੋਂ ਘਬਰਾਈ ਆਮ ਆਦਮੀ ਪਾਰਟੀ ਹੁਣ ਸਿਆਸੀ ਬਹਾਨੇ ਲੱਭ ਰਹੀ ਏ ।

----------------------------------------------------------------

ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਵਫ਼ਦ ਨੇ ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕੀਤੀ ਅਤੇ ਸ਼੍ਰੋਮਣੀ

ਕਮੇਟੀ ਮੈਂਬਰ ਅਮਰਜੀਤ ਸਿੰਘ ਚਾਵਲਾ 'ਤੇ ਲੱਗੇ ਇਲਜ਼ਾਮਾਂ ਦੀ ਉੱਚ-ਪੱਧਰੀ ਅਤੇ ਨਿਰਪੱਖ ਜਾਂਚ ਲਈ ਵਿਸ਼ੇਸ਼ ਜਾਂਚ ਟੀਮ-SIT ਕਾਇਮ ਕਰਨ ਲਈ ਇੱਕ ਮੰਗ ਪੱਤਰ ਦਿੰਦਿਆਂ ਉਨ੍ਹਾਂ ਦੇ ਦਖ਼ਲ ਦੀ ਮੰਗ ਕੀਤੀ। ਪੰਜਾਬ ਸਰਕਾਰ ਵਲੋਂ ਜਾਰੀ ਇਕ ਪ੍ਰੈਸ ਨੋਟ ਮੁਤਾਬਿਕ ਵਫ਼ਦ ਨੇ ਮੁਖ ਮੰਤਰੀ ਨੂੰ ਕਿਹਾ ਕਿ ਪਿਛਲੇ ਕਈ ਦਿਨਾਂ ਤੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਦੇਸ਼ ਤੋਂ ਆਈ ਇੱਕ ਔਰਤ ਨਾਲ ਕਥਿਤ ਤੌਰ 'ਤੇ ਜਬਰ-ਜਨਾਹ ਦੇ ਲੱਗੇ ਇਲਜ਼ਾਮ ਸਬੰਧੀ ਗੰਭੀਰ ਚਰਚਾ ਚੱਲ ਰਹੀ ਏ । ਇਹ ਪੂਰਾ ਘਟਨਾਕ੍ਰਮ ਅਤੇ ਇਸ ਸਬੰਧੀ ਮੀਡੀਆ ਰਿਪੋਰਟਾਂ ਕਈ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ, ਜਿਨ੍ਹਾਂ ਦੀ ਉੱਚ-ਪੱਧਰੀ ਜਾਂਚ ਜ਼ਰੂਰੀ ਏ ।

-------------------------------------------------------------

ਖਜ਼ਾਨਾ ਮੰਤਰਾਲੇ ਨੇ ਸੂਚਿਤ ਕੀਤਾ ਏ ਕਿ ਸਾਰੇ ਜਨਤਕ ਖੇਤਰ ਦੇ ਬੈਂਕ ਅਤੇ ਖੇਤਰੀ ਦਿਹਾਤੀ ਬੈਂਕ ਐਤਵਾਰ, 27 ਸਤੰਬਰ ਨੂੰ ਖੁੱਲ੍ਹੇ ਰਹਿਣਗੇ। ਮੰਤਰਾਲੇ ਨੇ ਕਿਹਾ ਕਿ, ਇਹ ਕਦਮ, ਬੈਂਕ ਯੂਨੀਅਨਾਂ ਦੀ ਸੰਯੁਕਤ ਫੋਰਮ ਵੱਲੋਂ 28 ਤੋਂ 30 ਸਤੰਬਰ ਤੱਕ ਬੁਲਾਈ ਗਈ ਤਜਵੀਜ਼ਸ਼ੁਦਾ ਤਿੰਨ ਦਿਨਾਂ ਦੇਸ਼ ਵਿਆਪੀ ਬੈਂਕ ਹੜਤਾਲ ਦੇ ਮੱਦੇਨਜ਼ਰ ਚੁੱਕਿਆ ਗਿਆ ਏ ਜੋ 26 ਅਤੇ 27 ਸਤੰਬਰ ਦੀਆਂ ਛੁੱਟੀਆਂ ਦੇ ਨਾਲ ਮੇਲ ਖਾਂਦੀ ਏ । ਇਸਨੇ ਕਿਹਾ ਏ ਕਿ ਭਾਰਤੀ ਰਿਜ਼ਰਵ ਬੈਂਕ ਨੇ ਐਤਵਾਰ ਨੂੰ ਸਾਰੀਆਂ ਬੈਂਕ

ਸ਼ਾਖਾਵਾਂ, ਦਫ਼ਤਰਾਂ, ਏਟੀਐਮ-ਲਿੰਕ ਸ਼ਾਖਾਵਾਂ ਅਤੇ ਕਰੰਸੀ ਚੈਸਟਾਂ ਨੂੰ ਪੂਰੀ ਤਰ੍ਹਾਂ ਚਾਲੂ ਰਹਿਣ ਦੀ ਪ੍ਰਵਾਨਗੀ ਦੇ ਦਿੱਤੀ ਏ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਸੇਵਾ ਜੀਵਨ ਦਾ ਮੁੱਖ ਉਦੇਸ਼ ਅਤੇ ਇਹ ਹਰ ਵਿਅਕਤੀ ਦੇ ਸੁਭਾਅ 'ਚ ਹੋਣੀ ਚਾਹੀਦੀ ਏ।
- -ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਉਦੇਸ਼ ਨਾਲ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦਾ ਸਿਲਸਿਲਾ ਜਾਰੀ ।
- -ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਹਾੜ੍ਹੀ ਦੀਆਂ ਫ਼ਸਲਾਂ ਸਬੰਧੀ ਤਿਆਰੀਆਂ ਦਾ ਲਿਆ ਜਾਇਜ਼ਾ-ਖਾਦਾਂ ਦੀ ਨਿਰਵਿਘਨ ਤੇ ਸਮੇਂ-ਸਿਰ ਸਪਲਾਈ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼।
- -ਪੰਜਾਬ ਸਰਕਾਰ ਨੇ ਵਿਧਵਾ ਅਤੇ ਬੇਆਸਰਾ ਔਰਤਾਂ ਨੂੰ ਵਿੱਤੀ ਸਹਾਇਤਾ ਯੋਜਨਾ ਤਹਿਤ ਮੌਜੂਦਾ ਵਿੱਤੀ ਸਾਲ 2026-27 ਦੌਰਾਨ ਕਰੀਬ 624 ਕਰੋੜ ਰੁਪਏ ਜਾਰੀ ਕੀਤੇ।

ਅਤੇ

- -ਇਨਫੋਰਸਮੈਂਟ ਡਾਇਰੈਕਟੋਰੇਟ ਨੇ ਮਨੀ ਲਾਂਡਰਿੰਗ ਦੇ ਇੱਕ ਮਾਮਲੇ ਵਿੱਚ ਮੋਹਾਲੀ, ਲੁਧਿਆਣਾ, ਚੰਡੀਗੜ੍ਹ, ਪੰਚਕੂਲਾ ਅਤੇ ਦਿਲੀ ਵਿੱਚ 26 ਥਾਵਾਂ 'ਤੇ ਛਾਪੇਮਾਰੀ ਕੀਤੀ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**

**ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 8.30**

**ਨਮਸਕਾਰ**